# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 25-04-2025**

ਸੁਰੱਖਿਆ ਸਥਿਤੀ ਦਾ ਜਾਇਜ਼ਾ ਲੈਣ ਲਈ ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ ਅੱਜ ਸਵੇਰੇ ਸ੍ਰੀਨਗਰ ਪਹੁੰਚੇ ਨੇ। ਉਹਨਾਂ ਦੀ ਇਥੇ ਪਹਿਲਗਾਮ ਹਮਲੇ ਵਾਲੀ ਥਾਂ ਦਾ ਦੌਰਾ ਕਰਨ ਦੀ ਸੰਭਾਵਨਾ ਏ। ਸੂਤਰਾਂ ਨੇ ਦੱਸਿਆ ਕਿ ਫੌਜ ਮੁਖੀ ਨੂੰ ਸੁਰੱਖਿਆ ਸਥਿਤੀ ਤੇ ਦੇਹਸ਼ਤਗਰਦਾਂ ਵਿਰੁੱਧ ਕੀਤੀਆਂ ਜਾ ਰਹੀਆਂ ਕਾਰਵਾਈਆਂ ਦੇ ਨਾਲ-ਨਾਲ ਪਾਕਿਸਤਾਨੀ ਫੌਜ ਵਲੋਂ ਜੰਗਬੰਦੀ ਦੀ ਉਲੰਘਣਾ ਦੀਆਂ ਕੋਸ਼ਿਸ਼ਾਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਏ।ਇਸ ਦੌਰਾਨ, ਉੱਤਰੀ ਕਸ਼ਮੀਰ ਦੇ ਕੁਪਵਾੜਾ ਜ਼ਿਲ੍ਹੇ ਵਿੱਚ ਕੰਟਰੋਲ ਰੇਖਾ ਦੇ ਨਾਲ ਨੌਗਾਮ ਖੇਤਰ ਵਿੱਚ ਕਈ ਥਾਵਾਂ ਤੋਂ ਪਾਕਿਸਤਾਨੀ ਫੌਜ ਵੱਲੋਂ ਜੰਗਬੰਦੀ ਦੀ ਉਲੰਘਣਾ ਦੀਆਂ ਰਿਪੋਰਟਾਂ ਆਈਆਂ ਨੇ। ਜੰਮੂ ਖੇਤਰ ਦੇ ਰਾਜੌਰੀ ਅਤੇ ਪੁਣਛ ਖੇਤਰਾਂ ਤੋਂ ਵੀ ਇਸੇ ਤਰ੍ਹਾਂ ਦੀਆਂ ਉਲੰਘਣਾਵਾਂਦੀ ਰਿਪੋਰਟ ਮਿਲੀ ਏ, ਜਿਸ ਦਾ ਭਾਰਤੀ ਫੌਜ ਨੇ ਪ੍ਰਭਾਵਸ਼ਾਲੀ ਢੰਗ ਨਾਲ ਜਵਾਬ ਦਿੱਤਾ ਏ।

--------------------------------------------------------------

ਪੰਜਾਬ ਸਰਕਾਰ ਨੇ "ਰੰਗਲਾ ਪੰਜਾਬ ਵਿਕਾਸ ਯੋਜਨਾ" ਦੇ ਦਿਸ਼ਾ-ਨਿਰਦੇਸ਼ਾਂ ਨੂੰ ਪ੍ਰਵਾਨਗੀ ਦੇ ਦਿੱਤੀ ਏ । ਇਹ ਫੈਸਲਾ ਪੰਜਾਬ ਮੰਤਰੀ ਮੰਡਲ ਨੇ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਲਿਆ। ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਰੰਗਲਾ ਪੰਜਾਬ ਵਿਕਾਸ ਯੋਜਨਾ ਤਹਿਤ ਸੂਬੇ ਦੇ ਜ਼ਿਲ੍ਹਿਆਂ ਵਿੱਚ ਵਿਕਾਸ ਜ਼ਰੂਰਤਾਂ ਲਈ ਫੰਡ ਮੁਹੱਈਆ ਕਰਵਾਏ ਗਏ ਨੇ । ਮੌਜੂਦਾ ਵਿੱਤੀ ਸਾਲ ਵਿੱਚ ਇਸ ਯੋਜਨਾ ਤਹਿਤ 585 ਕਰੋੜ ਰੁਪਏ ਦੀ ਵੰਡ ਕੀਤੀ ਗਈ ਏ ਤੇ ਇਨ੍ਹਾਂ ਫੰਡਾਂ ਦਾ ਪ੍ਰਬੰਧਨ ਡਿਪਟੀ ਕਮਿਸ਼ਨਰਾਂ ਦੁਆਰਾ ਕੀਤਾ ਜਾਵੇਗਾ। ਫੰਡਾਂ ਨੂੰ ਵਿਧਾਇਕਾਂ, ਭਾਈਚਾਰਕ ਸੰਗਠਨਾਂ, ਨਾਗਰਿਕ ਸਮੂਹਾਂ ਅਤੇ ਜਨਤਕ ਉਤਸ਼ਾਹੀ ਨਾਗਰਿਕਾਂ ਦੀਆਂ ਸਿਫ਼ਾਰਸ਼ਾਂ ਦੇ ਆਧਾਰ 'ਤੇ ਖਰਚ ਕੀਤਾ ਜਾਵੇਗਾ ।

--------------------------------------------------------------

ਖੇਤਰੀ ਸਹਿਕਾਰੀ ਪ੍ਰਬੰਧਨ ਸੰਸਥਾਨ (RICM) ਚੰਡੀਗੜ੍ਹ ਵਿਖੇ ਅੰਤਰਰਾਸ਼ਟਰੀ ਸਹਿਕਾਰਤਾ ਸਾਲ 2025 ਤਹਿਤ ਦੋ-ਰੋਜ਼ਾ ਰਾਸ਼ਟਰੀ ਸੰਮੇਲਨ ਦਾ ਉਦਘਾਟਨ ਕੇਂਦਰੀ ਸਹਿਕਾਰਤਾ ਰਾਜ ਮੰਤਰੀ ਕ੍ਰਿਸ਼ਨ ਪਾਲ ਗੁਰਜਰ ਤੇ ਹਰਿਆਣਾ ਦੇ ਸਹਿਕਾਰਤਾ ਮੰਤਰੀ ਅਰਵਿੰਦ ਕੁਮਾਰ

ਸ਼ਰਮਾ ਦੁਆਰਾ ਕੀਤਾ ਗਿਆ। ਇਸ ਦਾ ਉਦੇਸ਼ ਪੇਂਡੂ ਭਾਈਚਾਰਿਆਂ ਨੂੰ ਸਸ਼ਕਤ ਬਣਾਉਣ ਤੇ ਟਿਕਾਊ ਵਿਕਾਸ ਨੂੰ ਅੱਗੇ ਵਧਾਉਣ ਲਈ ਨਵੀਨਤਾਕਾਰੀ ਅਭਿਆਸਾਂ, ਰਣਨੀਤੀਆਂ ਤੇ ਸਹਿਯੋਗ ਨੂੰ ਉਤਸ਼ਾਹਿਤ ਕਰਨਾ ਏ। ਇਸ ਮੌਕੇ ਕ੍ਰਿਸ਼ਨ ਪਾਲ ਗੁਰਜਰ ਤੇ ਅਰਵਿੰਦ ਕੁਮਾਰ ਸ਼ਰਮਾ ਨੇ ਸਹਿਕਾਰੀ ਸਭਾਵਾਂ ਲਈ ਇਕ ਡਿਜੀਟਲ ਪੋਰਟਲ "ਮੇਰੀ ਸਮਿਤੀ ਮੇਰਾ ਪਤਾਲ" ਲਾਂਚ ਕੀਤਾ। ਇਹ ਪੋਰਟਲ ਹਰਿਆਣਾ, ਪੰਜਾਬ, ਹਿਮਾਚਲ, ਦਿੱਲੀ, ਚੰਡੀਗੜ੍ਹ ਤੇ ਜੰਮੂ-ਕਸ਼ਮੀਰ ਦੀਆਂ ਸਹਿਕਾਰੀ ਸਭਾਵਾਂ ਦੇ ਸਮਾਜਿਕ ਤੇ ਆਰਥਿਕ ਵਿਕਾਸ ਵਿਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਇਸ ਦਾ ਉਦੇਸ਼ ਸਹਿਕਾਰੀ ਸਭਾਵਾਂ ਦੇ ਡਿਜੀਟਾਈਜ਼ੇਸ਼ਨ, ਹੁਨਰ ਗਤੀਸ਼ੀਲਤਾ ਤੇ ਸਮਾਜੀਕਰਨ ਨੂੰ ਉਤਸ਼ਾਹਿਤ ਕਰਨਾ ਏ ਤੇ ਸਹਿਕਾਰੀ ਖੇਤਰ ਵਿਚ ਭਵਿੱਖ ਦੀ ਯੋਜਨਾਬੰਦੀ ਲਈ ਇਕ ਮੁੱਖ ਰਣਨੀਤਕ ਕਦਮ ਵਜੋਂ ਕੰਮ ਕਰੇਗਾ। ਇਹ ਸਹਿਕਾਰੀ ਕਮੇਟੀਆਂ ਦੀ ਮਾਨਤਾ, ਸੰਚਾਰ ਦੀ ਘਾਟ ਤੇ ਨਵੀਨਤਮ ਤਕਨਾਲੋਜੀ ਨੂੰ ਅਪਣਾਉਣ ਵਿਚ ਮਦਦ ਕਰੇਗਾ।

---------------------------------------------------

ਸੂਬੇ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਵਿਖੇ ਆਮ ਆਦਮੀ ਕਲੀਨਿਕ ਤੇ ਸਿਵਲ ਹਸਪਤਾਲ

ਰਾਜਪੁਰਾ ਦਾ ਅਚਨਚੇਤ ਦੌਰਾ ਕਰਦਿਆਂ ਮਰੀਜ਼ਾਂ ਨੂੰ ਸਰਕਾਰੀ ਸਿਹਤ ਸੰਭਾਲ ਕੇਂਦਰਾਂ ਵਿੱਚ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਗੱਲਬਾਤ ਕੀਤੀ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਤੇ ਸਿਵਲ ਹਸਪਤਾਲ ਪੰਜਾਬ ਦੀ ਸਿਹਤ ਸੰਭਾਲ ਪ੍ਰਣਾਲੀ ਦੀ ਨੁਹਾਰ ਨੂੰ ਬਦਲ ਰਹੇ ਨੇ। ਉਹਨਾਂ ਕਿਹਾ ਕਿ ਸੂਬਾ ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਏ ਕਿ ਹਰ ਨਾਗਰਿਕ ਨੂੰ ਬਿਨਾਂ ਕਿਸੇ ਪਰੇਸ਼ਾਨੀ ਦੇ ਸਮੇਂ ਸਿਰ, ਸੁਚਾਰੂ ਤੇ ਮੁਫਤ ਡਾਕਟਰੀ ਸੇਵਾਵਾਂ ਪ੍ਰਾਪਤ ਹੋਣ। ਸਿਹਤ ਮੰਤਰੀ ਨੇ ਅਧਿਕਾਰੀਆਂ ਨੂੰ ਮਰੀਜ਼ਾਂ ਦੀ ਦੇਖਭਾਲ ਲਈ ਉੱਚ ਮਿਆਰਾਂ ਨੂੰ ਬਣਾਈ ਰੱਖਣ ਤੇ ਸਾਰੀਆਂ ਸਹੂਲਤਾਂ ਸੁਚਾਰੂ ਢੰਗ ਨਾਲ ਮੁਹੱਈਆ ਕਰਵਾਉਣਾ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਵਿਰੁੱਧ ਸਖ਼ਤ ਕਾਰਵਾਈ ਦੀ ਚੇਤਾਵਨੀ ਵੀ ਦਿੱਤੀ।

------------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ ਤੇ ਤਹਿਸੀਲਦਾਰ ਦੀ ਅਗਵਾਈ ਹੇਠ ਪੁਲਿਸ ਨੇ ਸਮਰਾਵਾ ਦੇ ਬੱਸ ਸਟੈਂਡ ਨੇੜੇ ਸਮਰਾ ਪੈਲੇਸ ਅੰਦਰ ਗੈਰ-ਕਾਨੂੰਨੀ ਨਸ਼ਾ ਨਿਪਟਾਰਾ ਕੇਂਦਰ 'ਤੇ ਛਾਪਾ ਮਾਰਿਆ ਏ, ਜਿੱਥੇ 102 ਲੋਕਾਂ ਨੂੰ ਸੈਂਟਰ ਤੋਂ ਛੁਡਵਾ ਕੇ ਸਿਵਲ

ਹਸਪਤਾਲ ਲਿਆਂਦਾ ਗਿਆ । ਮਾਮਲੇ ਬਾਰੇ ਜਾਣਕਾਰੀ ਦਿੰਦੇ ਹੋਏ ਗੜ੍ਹਸ਼ੰਕਰ ਦੇ ਵਸਨੀਕ ਇੰਦਰਪਾਲ ਨੇ ਦੱਸਿਆ ਕਿ ਇਹ ਇਕ ਨਿੱਜੀ ਕੇਂਦਰ ਏ, ਜਿਸ ਵਿਚ 20 ਤੋਂ 25 ਲੋਕਾਂ ਦੇ ਰਹਿਣ ਦੀ ਵਿਵਸਥਾ ਸੀ, ਪਰ ਉੱਥੇ 125 ਲੋਕਾਂ ਨੂੰ ਰੱਖਿਆ ਗਿਆ ਸੀ। ਛੋਟੇ ਜਿਹੇ ਹਾਲ ਵਿਚ ਨਸ਼ਾ ਛੁਡਾਉਣ ਲਈ ਆਏ ਕੁਝ ਲੋਕਾਂ ਚ ਕਿਸੇ ਨੂੰ 8 ਮਹੀਨੇ ਤੇ ਕੁਝ ਨੂੰ 2 ਸਾਲ ਹੋ ਗਏ ਨੇ ।

---------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਝੋਨੇ ਦੀ ਲਵਾਈ ਆਰੰਭ ਹੋਣ ਲਈ ਇਕ ਪੱਤਰ ਜਾਰੀ ਕਰ ਦਿੱਤਾ ਗਿਆ ਏ । ਇਸ ਪੱਤਰ ਅਨੁਸਾਰ ਝੋਨੇ ਦੀ ਸਿੱਧੀ ਬਿਜਾਈ 15 ਮਈ ਤੋਂ ਸ਼ੁਰੂ ਹੋਵੇਗੀ, ਜਦੋਂ ਕਿ ਪਹਿਲੀ ਜੂਨ ਤੋਂ ਫਰੀਦਕੋਟ, ਬਠਿੰਡਾ, ਫਿਰੋਜ਼ਪੁਰ, ਫਾਜ਼ਿਲਕਾ ਜ਼ਿਲ੍ਹਿਆਂ ਵਿਚ ਲਵਾਈ ਹੋਵੇਗੀ। ਇਸੇ ਤਰ੍ਹਾਂ 5 ਜੂਨ ਤੋਂ ਗੁਰਦਾਸਪੁਰ, ਪਠਾਨਕੋਟ, ਅੰਮ੍ਰਿਤਸਰ, ਤਰਨਤਾਰਨ, ਹੁਸ਼ਿਆਰਪੁਰ, ਰੂਪਨਗਰ, ਐਸ.ਏ.ਐਸ ਨਗਰ, ਫਤਿਹਗੜ੍ਹ ਸਾਹਿਬ ਵਿਖੇ ਲਵਾਈ ਹੋਵੇਗੀ। ਬਾਕੀ ਰਹਿੰਦੇ ਜ਼ਿਲਿਆਂ ਮਾਨਸਾ, ਮੋਗਾ, ਬਰਨਾਲਾ, ਲੁਧਿਆਣਾ, ਮਲੇਰਕੋਟਲਾ, ਪਟਿਆਲਾ, ਸੰਗਰੂਰ, ਕਪੂਰਥਲਾ, ਜਲੰਧਰ ਅਤੇ ਸ਼ਹੀਦ ਭਗਤ ਸਿੰਘ ਨਗਰ ਵਿਚ 9 ਜੂਨ ਤੋਂ ਝੋਨੇ ਦੀ ਲਵਾਈ ਦਾ ਸਮਾਂ ਨਿਸ਼ਚਿਤ ਕੀਤਾ ਗਿਆ ਏ ।

-------------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦਫ਼ਤਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਏ ਕਿ ਹੁਣ ਤੱਕ ਰਾਜ ਭਰ ਵਿੱਚ ਕੁੱਲ 230 ਬੂਥ ਲੈਵਲ ਏਜੰਟ-1 (BLA-1) ਨਿਯੁਕਤ ਕੀਤੇ ਗਏ ਨੇ , ਜੋ ਕਿ ਆਉਣ ਵਾਲੀਆਂ ਚੋਣਾਂ ਲਈ ਪਾਰਦਰਸ਼ਤਾ ਤੇ ਤਿਆਰੀ ਨੂੰ ਯਕੀਨੀ ਬਣਾਉਣ ਵੱਲ ਮਹੱਤਵਪੂਰਨ ਕਦਮ ਏ । ਪੰਜਾਬ ਦੇ ਮੁੱਖ ਚੋਣ ਅਧਿਕਾਰੀ, ਸਿਬਿਨ ਸੀ, ਨੇ ਕਿਹਾ ਏ ਕਿ ਪੰਜਾਬ ਚੋਣ ਕਮਿਸ਼ਨ ਬੀ.ਐਲ.ਏ. ਦੀ ਪੂਰੀ ਤੇ ਸਮੇਂ ਸਿਰ ਨਿਯੁਕਤੀ ਨੂੰ ਯਕੀਨੀ ਬਣਾਉਣ ਲਈ ਸਾਰੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨਾਲ ਨੇੜਿਓਂ ਤਾਲਮੇਲ ਵਿਚ ਕੰਮ ਕਰ ਰਿਹਾ ਏ ।